# 14ਵਾਂ ਰਾਸ਼ਟਰੀ ਵੋਟਰ ਦਿਵਸ

ਸਰਕਾਰੀ ਕਾਲਜ ਅਮਰਗੜ੍ਹ ਵਿਖੇ ਮਿਤੀ 25-01-2024 ਨੂੰ ਪ੍ਰਿੰਸੀਪਲ ਪ੍ਰੋ. ਮੀਨੂੰ ਦੀ ਅਗਵਾਈ ਵਿੱਚ ਰਾਸ਼ਟਰੀ ਵੋਟਰ ਦਿਵਸ ਮਨਾਇਆ ਗਿਆ। ਕਾਲਜ ਪ੍ਰਿੰਸੀਪਲ ਨੇ ਇਸ ਖ਼ਾਸ ਦਿਨ ਅਤੇ ਵੋਟ ਦੀ ਮਹੱਤਤਾ ਬਾਰੇ ਦੱਸਦੇ ਹੋਏ ਕਿਹਾ ਕਿ ਚੰਗੇ ਸਮਾਜ ਦੀ ਸਿਰਜਣਾ ਲਈ ਸਾਨੂੰ ਦੇਸ਼ ਪ੍ਰਤੀ ਆਪਣੇ ਫ਼ਰਜ਼ਾਂ ਨੂੰ ਪੂਰੀ ਤਨਦੇਹੀ ਨਾਲ ਨਿਭਾਉਣਾ ਚਾਹੀਦਾ ਹੈ।

ਇਸ ਮੌਕੇ ਐਨ.ਐਸ.ਐਸ. ਪ੍ਰੋਗਰਾਮ ਅਫ਼ਸਰ ਡਾ. ਕਮਲਜੀਤ ਸਿੰਘ ਵੱਲੋਂ ਵਿਦਿਆਰਥੀਆਂ ਨੂੰ 14ਵੇਂ ਰਾਸ਼ਟਰੀ ਵੋਟਰ ਦਿਵਸ ਬਾਰੇ ਜਾਣਕਾਰੀ ਦਿੰਦੇ ਹੋਏ ਵੋਟਰ ਦਿਵਸ ਉੱਪਰ ਵੋਟਰ ਪ੍ਰਣ ਵੀ ਦਿਵਾਇਆ ਗਿਆ। ਸ. ਗੁਰਦੀਪ ਸਿੰਘ ਵੱਲੋਂ ਵੋਟ ਬਣਾਉਣ ਦੀ ਪ੍ਰਕਿਰਿਆ ਬਾਰੇ ਜਾਣਕਾਰੀ ਦਿੱਤੀ। ਇਸ ਦਿਨ ਨੂੰ ਸਮਰਪਿਤ ਕੁਇਜ਼ ਮੁਕਾਬਲਾ ਵੀ ਕਰਵਾਇਆ ਗਿਆ। ਇਸ ਮੌਕੇ ਪ੍ਰੋ. ਨਜਮਾ ਪ੍ਰਵੀਨ, ਪ੍ਰੋ. ਅਨੀਤਾ, ਪ੍ਰੋ. ਨੇਹਾ, ਸ. ਗੁਰਦੀਪ ਸਿੰਘ, ਸ. ਸੰਦੀਪ ਸਿੰਘ ਆਦਿ ਸਟਾਫ਼ ਮੈਂਬਰ ਅਤੇ ਸਮੂਹ ਵਲੰਟੀਅਰਜ਼ ਸ਼ਾਮਿਲ ਸਨ।

Meenu 25/1/24

**ਪ੍ਰਿੰਸੀਪਲ**
**ਸਰਕਾਰੀ ਕਾਲਜ, ਅਮਰਗੜ੍ਹ**

25/01/2024

PROGRAMME OFFICER
N.S.S UNIT
GOVT. COLLEGE, AMARGARH
148022( SANGRUR)